**ਪੰਜਾਬ ਸਰਕਾਰ**

**ਸਿੱਖਿਆ ਵਿਭਾਗ**

ਵੱਲ

ਸਮੂਹ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈ.ਸਿ./ਐ.ਸਿ.)
ਪੰਜਾਬ।

ਮੀਮੋ ਨੰ: AD(Co)/SSE/2019/10921037/2019 387659

ਮਿਤੀ: 14.11.19

**ਵਿਸ਼ਾ:-** **ਸਕੂਲ ਸਟਾਫ ਵੱਲੋਂ ਨਵੰਬਰ ਅਤੇ ਦਸੰਬਰ ਮਹੀਨੇ ਵਿੱਚ ਲਈਆਂ ਜਾਣ ਵਾਲੀਆਂ ਇਤਫਾਕੀਆ ਛੁੱਟੀਆਂ ਸਬੰਧੀ।**

ਹਵਾਲਾ:- ਇਸ ਦਫ਼ਤਰ ਦੇ ਮੀਮੋ ਨੰ: AD(Co)/SSE/2018/10921037 ਮਿਤੀ: 21.11.2018 ਦੇ ਹਵਾਲੇ ਵਿੱਚ।

1.0 ਉਕਤ ਵਿਸ਼ੇ ਅਤੇ ਹਵਾਲਾ ਅਧੀਨ ਪੱਤਰ ਵੱਲ ਧਿਆਨ ਦੇਣ ਦੀ ਖੇਚਲ ਕੀਤੀ ਜਾਵੇ ਜੀ।

2.0 ਉਕਤ ਵਿਸ਼ੇ ਸਬੰਧੀ ਵਿਭਾਗ ਦੇ ਧਿਆਨ ਵਿੱਚ ਆਇਆ ਹੈ ਕਿ ਬਹੁਤ ਸਾਰੇ ਸਟਾਫ ਵੱਲੋਂ ਸਾਲ ਦੀਆਂ ਇਤਫਾਕੀਆ ਛੁੱਟੀਆਂ ਖ਼ਤਮ ਕਰਨ ਦੇ ਮੰਤਵ ਨਾਲ, ਸਾਲ ਦੇ ਅੰਤ ਵਿੱਚ ਭਾਵ ਨਵੰਬਰ ਅਤੇ ਦਸੰਬਰ ਮਹੀਨੇ ਵਿੱਚ ਅਕਸਰ ਜ਼ਿਆਦਾ ਛੁੱਟੀਆਂ ਲਈਆਂ ਜਾਂਦੀਆਂ ਹਨ ਜਦਕਿ ਇਨ੍ਹਾਂ ਮਹੀਨਿਆਂ ਵਿੱਚ ਵਿਦਿਆਰਥੀਆਂ ਦੀ ਪੜ੍ਹਾਈ ਦਾ ਜ਼ੋਰ ਹੁੰਦਾ ਹੈ।

3.0 ਸਕੂਲ ਸਟਾਫ ਦੁਆਰਾ ਉਕਤ ਮਹੀਨਿਆਂ ਵਿੱਚ ਜ਼ਿਆਦਾ ਇਤਫਾਕੀਆ ਛੁੱਟੀਆਂ ਲੈਣ ਕਾਰਨ ਜਿੱਥੇ ਸਕੂਲ ਦਾ ਪ੍ਰਬੰਧ ਚਲਾਉਣ ਵਿੱਚ ਦਿੱਕਤ ਪੇਸ਼ ਆਉਂਦੀ ਹੈ, ਉੱਥੇ ਵਿਦਿਆਰਥੀਆਂ ਦੀ ਪੜ੍ਹਾਈ ਦਾ ਵੀ ਨੁਕਸਾਨ ਹੁੰਦਾ ਹੈ।

4.0 ਵਿਦਿਆਰਥੀਆਂ ਦੀ ਪੜ੍ਹਾਈ ਨੂੰ ਧਿਆਨ ਵਿੱਚ ਰੱਖਦੇ ਹੋਏ ਲਿਖਿਆ ਜਾਂਦਾ ਹੈ ਕਿ ਆਪ ਵੱਲੋਂ ਆਪਣੇ ਅਧੀਨ ਪੈਂਦੇ ਸਕੂਲਾਂ ਵਿੱਚ ਕੰਮ ਕਰਦੇ ਸਮੂਹ ਸਕੂਲ ਅਮਲੇ ਨੂੰ ਹਦਾਇਤ ਕੀਤੀ ਜਾਵੇ ਕਿ ਉਹ ਨਵੰਬਰ ਅਤੇ ਦਸੰਬਰ ਮਹੀਨੇ ਵਿੱਚ 2 ਦੋ ਤੋਂ ਵੱਧ ਇਤਫਾਕੀਆਂ ਛੁੱਟੀਆਂ (ਪ੍ਰਤੀ ਮਹੀਨਾ 2 ਇਤਫਾਕੀਆ ਛੁੱਟੀਆਂ) ਲੈਣ ਤੋਂ ਗੁਰੇਜ਼ ਕਰਨ।

5.0 ਉਕਤ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਕਰਨੀ ਯਕੀਨੀ ਬਣਾਈ ਜਾਵੇ।

ਸਕੱਤਰ ਸਕੂਲ ਸਿੱਖਿਆ

ਪਿੱਠ ਅੰਕਣ ਨੰ: ਉਕਤ

ਮਿਤੀ: 14.11.19

ਉਪਰੋਕਤ ਦਾ ਉਤਾਰਾ ਹੇਠ ਲਿਖਿਆਂ ਨੂੰ ਸੂਚਨਾ ਤੇ ਯੋਗ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ:-

1. ਪੀ.ਏ. ਟੂ ਸਕੱਤਰ ਸਕੂਲ ਸਿੱਖਿਆ, ਪੰਜਾਬ।
2. ਡਾਇਰੈਕਟਰ ਜਨਰਲ ਸਕੂਲ ਸਿੱਖਿਆ, ਪੰਜਾਬ।
3. ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿ./ਐ.ਸਿ.), ਪੰਜਾਬ।
4. ਡਾਇਰੈਕਟਰ ਐੱਸ.ਸੀ.ਈ.ਆਰ.ਟੀ., ਪੰਜਾਬ।
5. ਸਮੂਹ ਸਕੂਲ ਮੁੱਖੀ, ਪੰਜਾਬ।
6. ਸਮੂਹ ਜ਼ਿਲ੍ਹਾ ਸਿੱਖਿਆ ਸੁਧਾਰ ਕਮੇਟੀਆਂ, ਪੰਜਾਬ।

ਸਕੱਤਰ ਸਕੂਲ ਸਿੱਖਿਆ